ਭੈਰਉ ਮਹਲਾ ੫ ॥ ਬਨ ਮਹਿ ਪੇਖਿਓ ਤ੍ਰਿਣ ਮਹਿ ਪੇਖਿਓ ਗ੍ਰਿਹਿ ਪੇਖਿਓ ਉਦਾਸਾਏ ॥ ਦੰਡਧਾਰ ਜਟਧਾਰੈ ਪੇਖਿਓ ਵਰਤ ਨੇਮ ਤੀਰਥਾਏ ॥੧॥ ਸੰਤਸੰਗਿ ਪੇਖਿਓ ਮਨ ਮਾਏਂ ॥ ਊਭ ਪਇਆਲ ਸਰਬ ਮਹਿ ਪੂਰਨ ਰਸਿ ਮੰਗਲ ਗੁਣ ਗਾਏ ॥ ੧॥ ਰਹਾਉ ॥ ਜੋਗ ਭੇਖ ਸੰਨਿਆਸੈ ਪੇਖਿਓ ਜਤਿ ਜੰਗਮ ਕਾਪੜਾਏ ॥ ਤਪੀ ਤਪੀਸੁਰ ਮੁਨਿ ਮਹਿ ਪੇਖਿਓ ਨਟ ਨਾਟਿਕ ਨਿਰਤਾਏ ॥ ੨॥ ਚਹੁ ਮਹਿ ਪੇਖਿਓ ਖਟ ਮਹਿ ਪੇਖਿਓ ਦਸ ਅਸਟੀ ਸਿੰਮ੍ਰਿਤਾਏ ॥ ਸਭ ਮਿਲਿ ਏਕੋ ਏਕੁ ਵਖਾਨਹਿ ਤਉ ਕਿਸ ਤੇ ਕਹਉ ਦੁਰਾਏ ॥੩॥ ਅਗਹ ਅਗਹ ਬੇਅੰਤ ਸੁਆਮੀ ਨਹ ਕੀਮ ਕੀਮ ਕੀਮਾਏ ॥ ਜਨ ਨਾਨਕ ਤਿਨ ਕੈ ਬਲਿ ਬਲਿ ਜਾਈਐ ਜਿਹ ਘਟਿ ਪਰਗਟੀਆਏ ॥੪॥੨॥੧੫॥ {ਪੰਨਾ 1139}

ਪਦਅਰਥ:- ਬਨ ਮਹਿ—ਜੰਗਲ ਵਿਚ। ਤ੍ਰਿਣ—ਘਾਹ ਦਾ ਤੀਲਾ, ਬਨਸਪਤੀ। ਗ੍ਰਿਹਿ—ਘਰ ਵਿਚ। ਉਦਾਸਾਏ—ਘਰਾਂ ਤੋਂ ਉਦਾਸ ਤਿਆਗੀਆਂ ਵਿਚ। ਦੰਡਧਾਰ—ਹੱਥ ਵਿਚ ਡੰਡਾ ਰੱਖਣ ਵਾਲੇ ਜੋਗੀਆਂ ਵਿਚ। ਜਟਧਾਰੈ—ਜਟਾ-ਧਾਰੀ ਜੋਗੀ ਵਿਚ।1।

ਸੰਤ ਸੰਗਿ—ਸੰਤ ਜਨਾਂ ਦੀ ਸੰਗਤਿ ਵਿਚ। ਮਨ ਮਾਏਂ—ਮਨ ਮਾਹਿ, ਆਪਣੇ ਮਨ ਵਿਚ ਹੀ। ਊਭ—ਆਕਾਸ਼ ਵਿਚ। ਪਇਆਲ—ਪਾਤਾਲ ਵਿਚ। ਪੂਰਨ—ਵਿਆਪਕ। ਰਸਿ—ਆਨੰਦ ਨਾਲ। ਮੰਗਲ ਗੁਣ—ਆਤਮਕ ਆਨੰਦ ਦੇਣ ਵਾਲੇ ਗੁਣ। ਗਾਏ—ਗਾਇ, ਗਾ ਕੇ।1। ਰਹਾਉ।

ਸੰਨਿਆਸੈ—ਸੰਨਿਆਸ ਵਿਚ। ਕਾਪੜਾਏ—ਕਾਪੜੀਏ ਸਾਧੂਆਂ ਵਿਚ। ਤਪੀਸੁਰ—{ਤਪੀ-ਈਸੁਰ) ਵੱਡੇ ਵੱਡੇ ਤਪੀ।2।

ਚਹੁ ਮਹਿ—ਚਾਰ ਵੇਦਾਂ ਵਿਚ। ਖਟ ਮਹਿ—ਛੇ ਸ਼ਾਸਤ੍ਰਾਂ ਵਿਚ। ਦਸ ਅਸਟੀ—ਅਠਾਰਾਂ ਪੁਰਾਣਾਂ ਵਿਚ। ਮਿਲਿ—ਮਿਲ ਕੇ। ਵਖਾਨਹਿ—ਆਖਦੇ ਹਨ। ਤਉ—ਤਦੋਂ, ਤਾਂ। ਕਹਉ—ਕਹਉਂ, ਮੈਂ ਆਖਾਂ। ਕਿਸ ਤੇ—{ਸੰਬੰਧਕ 'ਤੇ' ਦੇ ਕਾਰਨ ਲਫ਼ਜ਼ 'ਕਿਸੁ' ਦਾ ੁ ਉੱਡ ਗਿਆ ਹੈ} ਕਿਸ ਤੋਂ? ਦੁਰਾਏ—ਦੂਰ, ਲੁਕਿਆ ਹੋਇਆ।3।

ਅਗਹ—ਅਥਾਹ। ਕੀਮ—ਕੀਮਤ, ਮੁੱਲ। ਤਿਨ ਕੈ—ਉਹਨਾਂ ਤੋਂ। ਬਲਿ ਬਲਿ—ਸਦਕੇ, ਕੁਰਬਾਨ। ਜਾਈਐ—ਜਾਣਾ ਚਾਹੀਦਾ ਹੈ। ਜਿਹ ਘਟਿ—ਜਿਸ (ਜਿਸ) ਦੇ ਹਿਰਦੇ ਵਿਚ। ਪਰਗਟੀਆਏ—ਪਰਗਟ ਹੋ ਪਿਆ ਹੈ।4।

ਅਰਥ:- ਹੇ ਭਾਈ! ਜਦੋਂ ਸੰਤ ਜਨਾਂ ਦੀ ਸੰਗਤਿ ਵਿਚ ਪਰਮਾਤਮਾ ਦੇ ਆਨੰਦ ਦੇਣ ਵਾਲੇ ਗੁਣ ਸੁਆਦ ਨਾਲ ਗਾ ਕੇ ਮੈਂ ਉਸ ਨੂੰ ਆਪਣੇ ਮਨ ਵਿਚ ਹੀ ਵੱਸਦਾ ਵੇਖ ਲਿਆ, ਤਾਂ ਆਕਾਸ਼ ਪਾਤਾਲ ਸਭਨਾਂ ਵਿਚ ਉਹ ਵਿਆਪਕ ਦਿੱਸ ਪਿਆ।1। ਰਹਾਉ।

ਹੇ ਭਾਈ! (ਤਦੋਂ ਮੈਂ) ਜੰਗਲ ਵਿਚ, ਬਨਸਪਤੀ ਵਿਚ (ਪ੍ਰਭੂ ਨੂੰ ਹੀ ਵੱਸਦਾ) ਵੇਖ ਲਿਆ, ਘਰ ਵਿਚ ਭੀ ਉਸੇ ਨੂੰ ਵੇਖ ਲਿਆ, ਤੇ, ਤਿਆਗੀ ਵਿਚ ਭੀ ਉਸੇ ਨੂੰ ਵੇਖ ਲਿਆ। ਤਦੋਂ ਮੈਂ ਉਸ ਨੂੰ ਦੰਡ-ਧਾਰੀਆਂ ਵਿਚ, ਜਟਾ-ਧਾਰੀਆਂ ਵਿਚ ਵੱਸਦਾ ਵੇਖ ਲਿਆ, ਵਰਤ-ਨੇਮ ਅਤੇ ਤੀਰਥ-ਜਾਤ੍ਰਾ ਕਰਨ ਵਾਲਿਆਂ ਵਿਚ ਭੀ ਵੇਖ ਲਿਆ।1।

ਹੇ ਭਾਈ! (ਜਦੋਂ ਮੈਂ ਪਰਮਾਤਮਾ ਨੂੰ ਆਪਣੇ ਅੰਦਰ ਵੱਸਦਾ ਵੇਖਿਆ, ਤਦੋਂ ਮੈਂ ਉਸ ਪਰਮਾਤਮਾ ਨੂੰ) ਜੋਗੀਆਂ ਵਿਚ, ਸਾਰੇ ਭੇਖਾਂ ਵਿਚ, ਸੰਨਿਆਸੀਆਂ ਵਿਚ, ਜਤੀਆਂ ਵਿਚ, ਜੰਗਮਾਂ ਵਿਚ, ਕਾਪੜੀਏ ਸਾਧੂਆਂ ਵਿਚ, ਸਭਨਾਂ ਵਿਚ ਵੱਸਦਾ ਵੇਖ ਲਿਆ। ਤਦੋਂ ਮੈਂ ਉਸ ਨੂੰ ਤਪੀਆਂ ਵਿਚ, ਵੱਡੇ ਵੱਡੇ ਤਪੀਆਂ ਵਿਚ, ਮੁਨੀਆਂ ਵਿਚ, ਨਾਟਕ ਕਰਨ ਵਾਲੇ ਨਟਾਂ ਵਿਚ, ਰਾਸਧਾਰੀਆਂ ਵਿਚ (ਸਭਨਾਂ ਵਿਚ ਵੱਸਦਾ) ਵੇਖ ਲਿਆ।2।

ਹੇ ਭਾਈ! (ਜਦੋਂ ਸਾਧ ਸੰਗਤਿ ਦੀ ਕਿਰਪਾ ਨਾਲ ਮੈਂ ਪਰਮਾਤਮਾ ਨੂੰ ਆਪਣੇ ਅੰਦਰ ਵੱਸਦਾ ਵੇਖਿਆ, ਤਦੋਂ ਮੈਂ ਉਸ ਨੂੰ) ਚਾਰ ਵੇਦਾਂ ਵਿਚ, ਛੇ ਸ਼ਾਸਤ੍ਰਾਂ ਵਿਚ, ਅਠਾਰਾਂ ਪੁਰਾਣਾਂ ਵਿਚ, (ਸਾਰੀਆਂ) ਸਿੰਮ੍ਰਿਤੀਆਂ ਵਿਚ ਵੱਸਦਾ ਵੇਖ

ਲਿਆ। (ਜਦੋਂ ਮੈਂ ਇਹ ਵੇਖ ਲਿਆ ਕਿ) ਸਾਰੇ ਜੀਅ-ਜੰਤ ਮਿਲ ਕੇ ਸਿਰਫ਼ ਇਕ ਪਰਮਾਤਮਾ ਦੇ ਹੀ ਗੁਣ ਗਾ ਰਹੇ ਹਨ, ਤਾਂ ਹੁਣ ਮੈਂ ਉਸ ਨੂੰ ਕਿਸ ਪਾਸੋਂ ਦੂਰ ਬੈਠਾ ਆਖ ਸਕਦਾ ਹਾਂ?।3।

ਹੇ ਭਾਈ! ਪਰਮਾਤਮਾ ਅਥਾਹ ਹੈ, ਅਥਾਹ ਹੈ, ਬੇਅੰਤ ਹੈ, ਉਸ ਦਾ ਮੁੱਲ ਨਹੀਂ ਪੈ ਸਕਦਾ, ਉਹ ਕਿਸੇ ਦੁਨੀਆਵੀ ਪਦਾਰਥ ਦੇ ਬਦਲੇ ਨਹੀਂ ਮਿਲ ਸਕਦਾ। ਹੇ ਦਾਸ ਨਾਨਕ! (ਆਖ—ਹੇ ਭਾਈ! ਉਹ ਪ੍ਰਭੂ ਵੱਸਦਾ ਤਾਂ ਸਭਨਾਂ ਵਿਚ ਹੀ ਹੈ, ਪਰ) ਜਿਸ ਜਿਸ (ਵਡ-ਭਾਗੀ) ਦੇ ਹਿਰਦੇ ਵਿਚ ਉਹ ਪਰਤੱਖ ਹੋ ਗਿਆ ਹੈ, ਉਹਨਾਂ ਤੋਂ ਸਦਕੇ ਕੁਰਬਾਨ ਜਾਣਾ ਚਾਹੀਦਾ ਹੈ।4।2।15।